



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।





ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਵੀਰਵਾਰ 15 ਜਨਵਰੀ 2026 , (ਮੂਲ ਨਾਨਕਸ਼ਾਹੀ 3 ਮਾਘ) ਨਾਨਕਸ਼ਾਹੀ 2 ਮਾਘ , ਸੰਮਤ 557 | ਸਾਲ: 4, ਅੰਕ 308, ਪੰਨੇ: 4, ਮੁੱਲ: 4 ਰੁਪਏ


## ਸ੍ਰੀ ਮੁਕਤਸਰ ਸਾਹਿਬ, ਟੁੱਟੀ ਗੰਢੀ ਦਿਵਸ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਰਿਕਾਰਡਤੋੜ ਇਕੱਠ

ਫਤਿਹ ਟਾਈਮਜ਼





**2027 ਲਈ ਵੱਡਾ ਐਲਾਨ: ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਦੀ ਯੋਗ ਅਗਵਾਈ ਵਿੱਚ ਸਰਕਾਰ ਬਣਾਉਣ ਦਾ ਸੰਕਲਪ ,ਬੰਦੀ ਛੋੜ ਖ਼ਾਲਸਾ ਵਹੀਰ ਸ਼ੁਰੂ ਕਰਨ ਅਤੇ ਮੁੱਖ ਮੰਤਰੀ ਦੀ ਕੋਠੀ ਦੇ ਘਿਰਾਓ ਦੇ ਪ੍ਰੋਗਰਾਮਾਂ ਦਾ ਐਲਾਨ।**

ਸ੍ਰੀ ਮੁਕਤਸਰ ਸਾਹਿਬ, 14 ਜਨਵਰੀ (ਫਤਿਹ ਟਾਈਮਜ਼ ਬਿਊਰੋ) ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਟੁੱਟੀ ਗੰਢੀ ਦਿਹਾੜੇ ਦੇ ਪਾਵਨ ਮੌਕੇ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪਹਿਲੇ ਸਥਾਪਨਾ ਦਿਵਸ ਤੇ ਪਾਰਟੀ ਦੇ ਆਗਾਜ਼ ਸਮੇਂ ਐਲਾਨੇ ਗਏ ਸ੍ਰੀ ਮੁਕਤਸਰ ਸਾਹਿਬ ਐਲਾਨਨਾਮੇ ਦੇ ਅਧਾਰ ਉੱਪਰ ਇਕ ਵਿਸ਼ਾਲ ਤੇ ਇਤਿਹਾਸਕ ਪੰਥਕ ਕਾਨਫਰੰਸ ਕੀਤੀ ਗਈ, ਜਿਸ ਵਿੱਚ ਪੰਜਾਬ ਦੇ ਕੋਨੇ-ਕੋਨੇ ਤੋਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਅਤੇ ਪਾਰਟੀ ਵਰਕਰਾਂ ਨੇ ਭਾਗ ਲਿਆ। ਇਸ ਸ਼ਕਤੀਸ਼ਾਲੀ ਇਕੱਠ ਨੇ ਸਾਬਤ ਕਰ ਦਿੱਤਾ ਕਿ ਪੰਜਾਬ ਦੀ ਜ਼ਮੀਰ ਅਜੇ ਵੀ ਪੰਥਕ ਸੋਚ ਨਾਲ ਜੁੜੀ ਹੋਈ ਹੈ ਅਤੇ ਇਨਸਾਫ਼, ਹੱਕ ਅਤੇ ਸੱਚ ਦੇ ਰਾਹ 'ਤੇ ਖੜ੍ਹੀ ਹੈ। ਕਾਨਫਰੰਸ ਦੌਰਾਨ ਚਾਲੀ ਮੁਕਤਿਆਂ ਦੀ ਅਮਰ ਸ਼ਹਾਦਤ ਨੂੰ ਪ੍ਰਣਾਮ ਕਰਦਿਆਂ ਆਗੂਆਂ ਨੇ ਕਿਹਾ ਕਿ ਟੁੱਟੀ ਗੰਢੀ ਦਿਵਸ ਸਿਰਫ਼ ਇਤਿਹਾਸਕ ਦਿਹਾੜਾ ਨਹੀਂ, ਸਗੋਂ ਜੁਲਮ ਦੇ ਖ਼ਿਲਾਫ਼ ਡਟ ਕੇ ਖੜ੍ਹਨ ਅਤੇ ਗੁਰੂ ਦੇ ਸਿੱਖ ਵਜੋਂ ਆਪਣੇ ਫ਼ਰਜ਼ ਨੂੰ ਯਾਦ ਕਰਨ ਦਾ ਦਿਨ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਪੰਜਾਬ ਨੂੰ ਨਵੇਂ ਰੂਪਾਂ ਵਿੱਚ ਥੋਪੀ ਜਾ ਰਹੀ ਗ਼ੁਲਾਮੀ, ਜ਼ਬਰ, ਬੇਇਨਸਾਫ਼ੀ ਅਤੇ ਸਿਆਸੀ ਧੋਖੇਬਾਜ਼ੀ ਤੋਂ ਮੁਕਤੀ ਦਿਵਾਉਣ ਲਈ ਚਾਲੀ ਮੁਕਤਿਆਂ ਦੀ (ਬਾਕੀ ਸਫਾ 2 ਤੇ)

## ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਖਿਲਾਫ ਹੁਣ ਕਾਰਵਾਈ ਕੌਣ ਕਰੂ ?

**ਸਰਬਜੋਤ ਸਿੰਘ ਸੰਧਾ**

ਫਤਿਹ ਟਾਈਮਜ਼

ਲੋਕਾਂ ਦੀ ਸਿਹਤ ਨਾਲ ਘਟੀਆ ਦਰਜੇ ਦੀਆਂ ਚੀਜਾਂ ਬਣਾ ਕੇ ਖਿਲਵਾੜ ਕਰਨ ਵਾਲਿਆਂ ਖਿਲਾਫ ਬਤੌਰ ਡੀ ਐਚ ਓ ਰਹਿੰਦੇ ਕਾਰਵਾਈਆਂ ਕਰਕੇ ਅਤੇ ਉਨ੍ਹਾਂ ਦੇ ਕਾਰਨਾਮੇ ਜੱਗ ਜਾਹਰ ਕਰਕੇ ਇਕ ਸਮੇ ਡਾ ਲਖਵੀਰ ਸਿੰਘ ਡੀ ਐਚ ਓ ਹੁਸ਼ਿਆਰਪੁਰ ਨੇ ਸਾਬਤ ਕਰ ਦਿੱਤਾ ਸੀ ਕੰਮ ਕਿਵੇਂ ਕੀਤਾ ਜਾਂਦਾ ਹੈ । ਫਾਸਟ ਫੂਡ ਦੀਆਂ ਰੇਹੜੀਆਂ ਲਗਾ ਕੇ ਕੰਮ ਕਰਨ ਵਾਲੇ ਜਿਆਦਾਤਰ ਪ੍ਰਵਾਸੀ ਕਿਸੇ ਕਿਸਮ ਦੀ ਸਫਾਈ ਦਾ ਧਿਆਨ ਨਹੀ ਰੱਖ ਰਹੇ ਉਹ ਘਟੀਆਂ ਦਰਜੇ ਦੀਆਂ ਚਟਣੀਆਂ ਵਰਤ ਰਹੇ ਹਨ ਹੈਰਾਨੀ ਇਸ ਗੱਲ ਦੀ ਹੈ ਕਿ ਤਲਿਆ ਹੋਇਆ ਇਹ ਫਾਸਟ ਫੂਟ ਇਹ ਲੋਕ ਅਖਬਾਰਾਂ ਦੀ ਰੱਦੀ ਦੇ ਪੇਜਾ ਨੂੰ ਕੱਟ ਕੇ ਉਸ ਕਾਗਜ ਵਿਚ ਲਪੇਟ ਕੇ ਚੀਜਾਂ ਵੇਚ ਰਹੇ ਹਨ ਇਸ ਪੇਪਰ ਦੀ ਸਿਆਹੀ ਮਨੁੱਖੀ ਸਰੀਰ ਲਈ ਬਹੁਤ ਘਾਤਕ ਹੈ ਪਰ ਇਸ ਵੱਲ ਕਿਸੇ ਦਾ ਕੋਈ ਧਿਆਨ ਨਹੀ ਹੈ।ਦੇਖਣਾ ਹੋਵੇਗਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਲੋਕਾਂ ਖਿਲਾਫ ਕਾਰਵਾਈ ਕਦੋ ਹੁੰਦੀ ਹੈ ?

## ਗੋਲਡਨ ਲਾਟਰੀ ਏਜੰਸੀ ਤੋਂ ਨਿਕਲੇ 10-10 ਹਜ਼ਾਰ ਦੇ 10 ਇਨਾਮ



ਫਤਿਹ ਟਾਈਮਜ਼

ਅੰਮ੍ਰਿਤਸਰ, 13 ਜਨਵਰੀ (ਪ ਪ) ਗੋਲਡਨ ਲਾਟਰੀ ਏਜੰਸੀ ਮਹਾਂ ਸਿੰਘ ਗੇਟ ਦੇ ਮਾਲਕ ਰਣਜੀਤ ਸਿੰਘ ਨੇ ਦੱਸਿਆ ਕਿ ਸੱਤ ਰੁਪਏ ਵਾਲੀ ਡੀਅਰ ਕੰਪਨੀ ਦੀ ਲਾਟਰੀ ਟਿਕਟ ਜਿਸ ਦਾ ਡਰਾਅ ਦੁਪਹਿਰ ਇੱਕ ਵਜੇ ਨਿਕਲਦਾ ਹੈ ਉਸ ਵਿੱਚੋ 10-10 ਹਜ਼ਾਰ ਦੇ 10 ਇਨਾਮ ਜਿਸਦੀ ਰਕਮ ਇੱਕ ਲੱਖ ਰੁਪਏ ਬਣਦੀ ਹੈ ਟਿਕਟ ਨੰਬਰ 43045 ਵਿੱਚੋ ਨਿਕਲਿਆ ਹੈ ਰਣਜੀਤ ਸਿੰਘ ਨੇ ਦੱਸਿਆ ਕਿ ਇਸ ਗੋਲਡਨ ਲਾਟਰੀ ਏਜੰਸੀ ਤੋਂ ਪਹਿਲਾ ਵੀ ਬਹੁਤ ਇਨਾਮ ਨਿਕਲ ਚੁੱਕੇ ਹਨ ਉਨਾਂ ਕਿਹਾ ਕਿ ਲੋਹੜੀ ਬੰਪਰ ਜਿਸਦਾ ਇਨਾਮ 10 ਕਰੋੜ ਰੁਪਏ ਦਾ ਹੈ ਅਤੇ ਟਿਕਟ ਦਾ ਮੁੱਲ 500 ਰੁਪਏ ਇਸ ਲੋਹੜੀ ਬੰਪਰ ਦਾ ਡਰਾਅ 17 ਜਨਵਰੀ ਨੂੰ ਸ਼ਾਮ 6 ਵਜੇ ਜਨਤਾ ਸਾਹਮਣੇ ਕੱਢਿਆ ਜਾਵੇਗਾ।

## ਪੀਐਮ ਮੋਦੀ ਨੇ ਤਬਾਹ ਕਰ 'ਤੀ ਅਰਥਵਿਵਸਥਾ

### 2025 'ਚ ਏਸ਼ੀਆ 'ਚ ਵੱਧ ਡਿੱਗਾ ਰੁਪਿਆ: ਕਾਂਗਰਸ

ਫਤਿਹ ਟਾਈਮਜ਼




ਨਵੀਂ ਦਿੱਲੀ,14 ਜਨਵਰੀ (ਫ.ਟ.ਬ) ਕਾਂਗਰਸ ਪਾਰਟੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਬੋਲਦਿਆਂ ਕਿਹਾ ਹੈ ਕਿ ਉਨ੍ਹਾਂ ਦੀਆਂ ਗਲਤ ਆਰਥਿਕ ਨੀਤੀਆਂ ਕਾਰਨ ਦੇਸ਼ ਦੀ ਅਰਥਵਿਵਸਥਾ ਬਰਬਾਦ ਹੋ ਗਈ। ਇਸੇ ਕਾਰਨ ਭਾਰਤੀ ਰੁਪਿਆ 2025 ਵਿੱਚ ਏਸ਼ੀਆ ਦੀ ਸਭ ਤੋਂ ਕਮਜ਼ੋਰ ਮੁਦਰਾ ਸਾਬਤ ਹੋਇਆ ਹੈ। ਕਾਂਗਰਸ ਪਾਰਟੀ ਨੇ ਕਿਹਾ ਕਿ ਰੁਪਏ ਵਿੱਚ ਹੋਰ ਏਸ਼ੀਆਈ ਮੁਦਰਾਵਾਂ ਦੇ ਮੁਕਾਬਲੇ ਸਭ ਤੋਂ ਵੱਧ ਗਿਰਾਵਟ ਆਈ ਹੈ, ਜਦੋਂ ਕਿ ਚੀਨੀ ਯੁਆਨ ਨੇ ਭਾਰਤੀ ਰੁਪਏ ਨਾਲੋਂ ਬਿਹਤਰ ਪ੍ਰਦਰਸ਼ਨ ਕੀਤਾ ਹੈ।ਪਾਰਟੀ ਦਾ ਕਹਿਣਾ ਹੈ ਕਿ ਡਾਲਰ ਦੇ ਮੁਕਾਬਲੇ ਰੁਪਏ ਦੀ ਰਿਕਾਰਡ ਗਿਰਾਵਟ ਨਾ ਸਿਰਫ਼ ਅਰਥਵਿਵਸਥਾ 'ਤੇ ਸਵਾਲ ਖੜ੍ਹੇ ਕਰਦੀ ਹੈ, ਸਗੋਂ ਸਾਡੀ ਭਰੋਸੇਯੋਗਤਾ 'ਤੇ ਵੀ ਸਵਾਲ ਖੜ੍ਹੇ ਕਰਦੀ ਹੈ। ਬੁੱਧਵਾਰ ਨੂੰ ਆਪਣੇ ਅਧਿਕਾਰਤ ਸੋਸ਼ਲ ਮੀਡੀਆ ਪੇਜ 'ਤੇ ਇੱਕ ਪੋਸਟ ਵਿੱਚ ਪਾਰਟੀ ਨੇ ਕਿਹਾ, "ਰੁਪਇਆ ਏਸ਼ੀਆ ਵਿੱਚ ਸਭ ਤੋਂ ਖਰਾਬ ਪ੍ਰਦਰਸ਼ਨ ਕਰਨ ਵਾਲੀ ਮੁਦਰਾ ਬਣ ਗਿਆ ਅਤੇ 2025 ਵਿੱਚ ਏਸ਼ੀਆ ਵਿੱਚ ਹੋਰ ਮੁਦਰਾਵਾਂ ਦੇ ਮੁਕਾਬਲੇ ਰੁਪਏ ਵਿੱਚ ਸਭ ਤੋਂ ਵੱਡੀ ਗਿਰਾਵਟ ਦਰਜ ਕੀਤੀ ਹੈ।ਜਦੋਂ ਕਿ ਡਾਲਰ ਦੇ ਮੁਕਾਬਲੇ ਰੁਪਿਆ -6.03 ਪ੍ਰਤੀਸ਼ਤ ਕਮਜ਼ੋਰ ਹੋਇਆ, ਉਥੇ ਚੀਨੀ ਯੁਆਨ ਨੇ ਬਿਹਤਰ ਪ੍ਰਦਰਸ਼ਨ ਕੀਤਾ। ਪਾਰਟੀ ਨੇ ਕਿਹਾ ਕਿ ਰੁਪਏ ਵਿੱਚ ਇੰਨੀ ਰਿਕਾਰਡ ਗਿਰਾਵਟ ਨਾ ਸਿਰਫ਼ ਸਾਡੀ ਆਰਥਿਕਤਾ ਬਾਰੇ ਸਗੋਂ ਭਾਰਤ ਦੀ ਭਰੋਸੇਯੋਗਤਾ ਬਾਰੇ ਵੀ ਸਵਾਲ ਖੜ੍ਹੇ ਕਰਦੀ ਹੈ। ਪਾਰਟੀ ਨੇ ਪ੍ਰਧਾਨ ਮੰਤਰੀ ਨੂੰ ਘੇਰਦਿਆਂ ਕਿਹਾ ਕਿ ਸ੍ਰੀ ਮੋਦੀ ਦੇਸ਼ ਨੂੰ ਬਰਬਾਦ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੇ।


LIC ਭਾਰਤੀਯ ਜੀਵਨ ਬੀਮਾ ਨਿਗਮ LIFE INSURANCE CORPORATION OF INDIA

**ਬੀਮਾ ਸੇਵਾ ਕੇਂਦਰ**

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈੱਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈੱਥ ਕਲੇਮ,ਮਚਿਊਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।


## ਸਿੱਟ ਦੀ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ

ਫਤਿਹ ਟਾਈਮਜ਼

ਬਠਿੰਡਾ, 14 ਜਨਵਰੀ (ਫ.ਟ.ਬ) ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲਾਪਤਾ ਸਰੂਪਾਂ ਦੇ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਨੇ ਬੁੱਧਵਾਰ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਇੱਥੇ ਗਰੀਨ ਸਿਟੀ ਸਥਿਤ ਘਰ ਪਹੁੰਚ ਕੇ ਵਿਸਥਾਰ 'ਚ ਗੱਲਬਾਤ ਕੀਤੀ। ਸਿੱਟ ਦੇ ਮੁਖੀ ਏ ਆਈ ਜੀ ਜਗਤਪ੍ਰੀਤ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ ਗਿਆਨੀ ਹਰਪ੍ਰੀਤ ਸਿੰਘ ਨੇ ਸਰੂਪਾਂ ਸੰਬੰਧੀ ਕਾਫੀ ਜਾਣਕਾਰੀ ਪ੍ਰਦਾਨ ਕੀਤੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸਰੂਪਾਂ ਦੇ ਮਾਮਲੇ ਨੂੰ ਰਾਜਨੀਤੀ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਵੀ ਇਸ ਜਾਂਚ ਵਿੱਚ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ।

## ਪੰਜਾਬ 'ਚ ਫ਼ਿਰੌਤੀ ਦੀਆਂ ਘਟਨਾਵਾਂ 'ਤੇ ਪ੍ਰਤਾਪ ਸਿੰਘ ਬਾਜਵਾ ਨੇ ਘੇਰੀ 'ਆਪ', ਹਾਈਕੋਰਟ ਨੇ ਜਤਾਈ ਚਿੰਤਾ

ਫਤਿਹ ਟਾਈਮਜ਼



ਚੰਡੀਗੜ੍ਹ, 14 ਜਨਵਰੀ (ਫ.ਟ.ਬ) ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਸੂਬੇ ਦੀ ਕਾਨੂੰਨ-ਵਿਵਸਥਾ ਨੂੰ ਲੈ ਕੇ ਆਮ ਆਦਮੀ ਪਾਰਟੀ 'ਤੇ ਤਿੱਖਾ ਸ਼ਬਦੀ ਹਮਲਾ ਕੀਤਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਟਵੀਟ ਕਰਦਿਆਂ ਇਕ ਅਖ਼ਬਾਰ ਦੀ ਕਟਿੰਗ ਵਾਲੀ ਤਸਵੀਰ ਪਾ ਕੇ ਲਿਖਿਆ ਕਿ ਪੰਜਾਬ 'ਚ ਵੱਧ ਰਹੀਆਂ ਫ਼ਿਰੌਤੀ ਦੀਆਂ ਘਟਨਾਵਾਂ 'ਤੇ ਹਾਈਕੋਰਟ ਵਲੋਂ ਚਿੰਤਾ ਜਤਾਈ ਗਈ ਹੈ। ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਇਕ ਪੋਸਟ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਕੌੜੀ ਸੱਚਾਈ ਸਾਹਮਣੇ ਰੱਖੀ ਹੈ, ਜਿਸ ਨੂੰ ਉਹ ਲੰਬੇ ਸਮੇਂ ਤੋਂ ਮੀਡੀਆ ਅੱਗੇ ਚੁੱਕਦੇ ਆ ਰਹੇ ਹਨ।ਬਾਜਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੌਰਾਨ ਫ਼ਿਰੌਤੀ ਦੀਆਂ ਧਮਕੀਆਂ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਉਨ੍ਹਾਂ ਨੇ ਦੋਸ਼ ਲਾਇਆ ਕਿ ਅੱਜ ਪੰਜਾਬ ਦੇ ਲੋਕ ਆਪਣੀ ਜਾਨ ਅਤੇ ਜਾਇਦਾਦ ਦੀ ਸੁਰੱਖਿਆ ਨੂੰ ਲੈ ਕੇ ਡਰ ਦੇ ਮਾਹੌਲ 'ਚ ਜੀਅ ਰਹੇ ਹਨ, ਜੋ ਕਾਨੂੰਨ-ਵਿਵਸਥਾ ਦੀ ਗੰਭੀਰ ਅਸਫ਼ਲਤਾ ਨੂੰ ਦਰਸਾਉਂਦਾ ਹੈ।ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਸੂਬੇ 'ਚ ਅਪਰਾਧੀਆਂ ਦੇ ਹੌਂਸਲੇ ਬੁਲੰਦ ਹਨ ਅਤੇ ਆਮ ਜਨਤਾ ਖ਼ੁਦ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੀ ਹੈ। ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਇਨ੍ਹਾਂ ਹਾਲਾਤ 'ਤੇ ਗੰਭੀਰਤਾ ਨਾਲ ਧਿਆਨ ਦਿੱਤਾ ਜਾਵੇ ਅਤੇ ਲੋਕਾਂ ਨੂੰ ਸੁਰੱਖਿਅਤ ਮਾਹੌਲ ਦੇਣ ਲਈ ਜ਼ਰੂਰੀ ਕਦਮ ਚੁੱਕੇ ਜਾਣ।


ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575

**ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ**

ਅਦਾਰਾ ਫਤਿਹ ਟਾਈਮਜ਼ ਦੀ ਪੰਜਵੀਂ ਵਰ੍ਹੇਗੰਢ ਮੌਕੇ ਵਿਸ਼ੇਸ਼ ਇਸ਼ਤਿਹਾਰ ਪ੍ਰਕਾਸ਼ਿਤ ਕੀਤੇ ਜਾ ਰਹੇ ਹਨ ਇਸ਼ਤਿਹਾਰ ਦੇਣ ਲਈ ਹੇਠ ਦਿੱਤੇ ਨੰਬਰ ਤੇ ਸੰਪਰਕ ਕਰੋ।
ਮੋ:99885-37575

ਸਫਾ 1 ਦੀ ਬਾਕੀ

## ਸ੍ਰੀ ਮੁਕਤਸਰ ਸਾਹਿਬ, ਟੁੱਟੀ ਗੰਢੀ ਦਿਵਸ ’ਤੇ ਅਕਾਲੀ ਦਲ ਵਾਰਿਸ...

ਫਤਿਹ ਟਾਈਮਜ਼ ਦੀ ਸੋਚ ਅਤੇ ਕੁਰਬਾਨੀ ਤੋਂ ਪ੍ਰੇਰਨਾ ਲੈਣ ਦੀ ਲੋੜ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਨੇ ਪੰਜਾਬ ਦੇ ਨੌਜਵਾਨਾਂ ਉੱਤੇ ਹੋ ਰਹੇ ਜ਼ੁਲਮ, ਝੂਠੇ ਕੇਸਾਂ, ਗੈਰ-ਕਾਨੂੰਨੀ ਨਜ਼ਰਬੰਦੀਆਂ ਅਤੇ ਪੰਥਕ ਆਵਾਜ਼ਾਂ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਸੱਚ ਦੀ ਆਵਾਜ਼ ਨੂੰ ਨਾਂ ਤਾਂ ਧੱਕੇਸ਼ਾਹੀ ਨਾਲ ਅਤੇ ਨਾਂ ਹੀ ਜੇਲ੍ਹਾਂ ਨਾਲ ਦਬਾਇਆ ਜਾ ਸਕਦਾ ਹੈ। ਪੰਥਕ ਕਾਨਫਰੰਸ ਵਿੱਚ ਹੋਏ ਇਕੱਠ ਨੇ ਸਾਂਝੇ ਰੂਪ ਵਿੱਚ ਐਲਾਨ ਕੀਤਾ ਕਿ 25 ਫਰਵਰੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੈ ਕੇ ਤਖ਼ਤ ਸ੍ਰੀ ਦਮਦਮਾ ਸਾਹਿਬ, ਸਾਬੋ ਕੀ ਤਲਵੰਡੀ ਤੱਕ ਜਾਗਤਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਵਿੱਚ "ਬੰਦੀ ਛੋੜ ਖ਼ਾਲਸਾ ਵਹੀਰ" ਕੱਢੀ ਜਾਵੇਗੀ। ਇਹ ਵਹੀਰ ਗੁਰਮਤਿ ਸਿਧਾਂਤਾਂ, ਪੰਥਕ ਏਕਤਾ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਕੱਢੀ ਜਾਵੇਗੀ। ਗੁਰੂ ਸਾਹਿਬਾਨ ਦੇ ਦੱਸੇ ਮਾਰਗ ’ਤੇ ਚੱਲਦਿਆਂ ਇਹ ਵਹੀਰ ਸੱਚ, ਨਿਆਂ ਅਤੇ ਧਰਮ ਦੀ ਰੱਖਿਆ ਦਾ ਸੰਦੇਸ਼ ਦੇਵੇਗੀ ਅਤੇ ਅਨਿਆਂ, ਜ਼ੁਲਮ ਤੇ ਸਮਾਜਿਕ ਬੁਰਾਈਆਂ ਦੇ ਖ਼ਿਲਾਫ਼ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਆਵਾਜ਼ ਬਣੇਗੀ। ਇਸ ਮੌਕੇ ਤੇ ਪਾਰਟੀ ਆਗੂਆਂ ਵੱਲੋਂ ਕਿਹਾ ਗਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉੱਤੇ ਲਗਾਏ ਨਾਜਾਇਜ਼ ਐਨ ਐਸ ਏ ਦੇ ਵਿਰੋਧ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ 10 ਫਰਵਰੀ ਨੂੰ ਵਿਸ਼ਾਲ ਰੋਸ ਮਾਰਚ ਕੀਤਾ ਜਾਵੇਗਾ। ਇਹ ਰੋਸ ਮਾਰਚ ਚੰਡੀਗੜ੍ਹ ਪਹੁੰਚ ਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਕੋਠੀ ਦਾ ਘਿਰਾਓ ਕਰਦਿਆਂ ਸਰਕਾਰ ਨੂੰ ਸਖ਼ਤ ਸੁਨੇਹਾ ਦੇਵੇਗਾ। ਪਾਰਟੀ ਨੇ ਸਪਸ਼ਟ ਕੀਤਾ ਕਿ ਜਦ ਤੱਕ ਸਿੱਖ ਕੈਦੀਆਂ ਨੂੰ ਇਨਸਾਫ਼ ਨਹੀਂ ਮਿਲਦਾ, ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸਦੇ ਨਾਲ ਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਵੱਡਾ ਐਲਾਨ ਕਰਦਿਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਨੂੰ ਪੰਜਾਬ ਦਾ ਮੁੱਖ ਮੰਤਰੀ ਬਣਾਉਣ ਦਾ ਦ੍ਰਿੜ੍ਹ ਸੰਕਲਪ ਦੁਹਰਾਇਆ। ਪਾਰਟੀ ਨੇ ਐਲਾਨ ਕੀਤਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਾਰੇ ਧਰਮਾਂ ਅਤੇ ਵਰਗਾਂ ਦੇ ਸਹਿਯੋਗ ਨਾਲ ਪੰਜਾਬ ਦੀਆਂ 117 ਦੀਆਂ 117 ਸੀਟਾਂ ’ਤੇ ਚੋਣ ਲੜੇਗਾ। ਪਾਰਟੀ ਪੰਜਾਬ ਦੇ ਪੰਜਾਬ ਦੇ ਪਿੰਡ-ਪਿੰਡ, ਸ਼ਹਿਰ-ਸ਼ਹਿਰ ਤੱਕ ਲੋਕਾਂ ਨਾਲ ਸਿੱਧਾ ਸੰਪਰਕ ਕਰਕੇ ਉਨ੍ਹਾਂ ਨੂੰ ਆਪਣੇ ਹੱਕਾਂ, ਇਤਿਹਾਸ ਅਤੇ ਪੰਥਕ ਜ਼ਿੰਮੇਵਾਰੀਆਂ ਪ੍ਰਤੀ ਜਾਗਰੂਕ ਕਰੇਗਾ। ਪਾਰਟੀ ਨੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਸੂਬੇ ਦੇ ਹਰ ਵਰਗ ਨੂੰ ਇਕਜੁੱਟ ਹੋਣ ਦੀ ਅਪੀਲ ਕੀਤੀ। ਇਸ ਮੌਕੇ ਤੇ ਕਿਹਾ ਗਿਆ ਕਿ ਕੇਂਦਰ ਸਰਕਾਰ ਵੱਲੋਂ ਲੰਬੇ ਸਮੇਂ ਤੋਂ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੋਣਾਂ ਨਾ ਕਰਵਾਉਣਾ ਸਿੱਖਾਂ ਦੇ ਲੋਕਤੰਤਰਿਕ ਹੱਕਾਂ ਦੀ ਖੁੱਲ੍ਹੀ ਉਲੰਘਣਾ ਹੈ। ਇਹ ਰਵੱਈਆ ਸਿੱਖ ਮਾਮਲਿਆਂ ਵਿੱਚ ਸਿੱਧੀ ਸਰਕਾਰੀ ਦਖਲਅੰਦਾਜ਼ੀ ਹੈ, ਜਿਸ ਰਾਹੀਂ ਪੰਥਕ ਸੰਸਥਾਵਾਂ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਇਸ ਗੈਰ-ਸੰਵਿਧਾਨਕ ਦਖਲ ਦਾ ਤਿੱਖਾ ਵਿਰੋਧ ਕਰਦਾ ਹੈ ਅਤੇ ਤੁਰੰਤ ਚੋਣਾਂ ਕਰਵਾਉਣ ਦੀ ਮੰਗ ਕਰਦਾ ਹੈ। ਅੰਤ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਤੇ ਕੀਤਾ ਗਿਆ ਇਹ ਪੰਥਕ ਇਕੱਠ ਪੰਜਾਬ ਅਤੇ ਪੰਥ ਦੀ ਮੁਕਤੀ ਲਈ ਸ਼ੁਰੂ ਹੋਈ ਨਵੀਂ ਲਹਿਰ ਦੀ ਮਜ਼ਬੂਤ ਬੁਨਿਆਦ ਹੈ। ਇਸ ਕਾਨਫਰੰਸ ਵਿੱਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਖਡੂਰ ਸਾਹਿਬ ਵਿੱਚ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਤੋਂ ਇਲਾਵਾ ਮਾਤਾ ਬਲਵਿੰਦਰ ਕੌਰ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਸੁਰਜੀਤ ਸਿੰਘ ਦੌਲਤਪੁਰ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰ ਬਾਬੂ ਸਿੰਘ ਬਰਾੜ, ਸ੍ਰ ਕਾਬੁਲ ਸਿੰਘ, ਬੀਬੀ ਸਤਨਾਮ ਕੌਰ, ਚਰਨਦੀਪ ਸਿੰਘ ਭਿੰਡਰ, ਭਾਈ ਗੁਰਸੇਵਕ ਸਿੰਘ ਜਵਾਰਕੇ, ਭਾਈ ਪ੍ਰਿਥੀਪਾਲ ਸਿੰਘ, ਭਾਈ ਗੁਰਲਾਲ ਸਿੰਘ ਪੰਨੂ, ਬੀਬੀ ਸੰਦੀਪ ਕੌਰ, ਭਾਈ ਜਸਵਿੰਦਰ ਸਿੰਘ ਬਾਦਲ, ਚਾਚਾ ਪ੍ਰਗਟ ਸਿੰਘ, ਹਰਪਾਲ ਸਿੰਘ ਖਾਰਾ, ਭਾਈ ਬਰਜਿੰਦਰ ਸਿੰਘ ਹੁਸੈਨਪੁਰ, ਭਾਈ ਇਮਾਨ ਸਿੰਘ ਖਾਰਾ, ਸ਼ਮਸ਼ੇਰ ਸਿੰਘ ਪੱਧਰੀ, ਪ੍ਰਗਟ ਸਿੰਘ ਮੀਆਂਵਿੰਡ,ਅਜੇਪਾਲ ਸਿੰਘ ਢਿਲੋਂ, ਮਨਪ੍ਰੀਤ ਸਿੰਘ ਇਆਲੀ, ਕਮਲਜੀਤ ਸਿੰਘ ਬਰਾੜ, ਰਾਜੀਵ ਕੁਮਾਰ ਲਵਲੀ, ਸ੍ਰ ਲੱਖਾ ਸਿੰਘ ਸਿਧਾਣਾਂ, ਭਾਨਾ ਸਿੱਧੂ, ਤੇਜਿੰਦਰ ਸਿੰਘ ਢਿਲੋਂ, ਐਡਵੋਕੇਟ ਹਰਜੋਤ ਸਿੰਘ ਮਾਨ, ਦਲਜੀਤ ਸਿੰਘ ਜਵੰਦਾ, ਮਨਦੀਪ ਸਿੰਘ ਸਿੱਧੂ, ਨਵਜੋਤ ਕੌਰ ਲੰਬੀ, ਸ੍ਰ ਨਵਤੇਜ ਸਿੰਘ ਛੱਜਲਵੱਡੀ, ਚਮਕੌਰ ਸਿੰਘ ਧੁੰਨ, ਜਸਕਰਨ ਸਿੰਘ ਰਿਆੜ, ਐਡਵੋਕੇਟ ਕਰਮਵੀਰ ਸਿੰਘ ਪੰਨੂੰ, ਜੁਗਰਾਜ ਸਿੰਘ ਲਾਲੇਨੰਗਲ, ਦਲੇਰ ਸਿੰਘ ਡੋਡ, ਪ੍ਰਿਤਪਾਲ ਸਿੰਘ ਮੀਰਾਂਕੋਟ, ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਜਸਵਿੰਦਰ ਸਿੰਘ ਡਰੌਲੀ, ਭਾਈ ਸਰਬਜੀਤ ਸਿੰਘ ਖਾਨਪੁਰ, ਅਮਨਦੀਪ ਸਿੰਘ ਡੱਡੂਆਣਾਂ, ਕਰਨਵੀਰ ਸਿੰਘ, ਹਾਜੀ ਬਿੱਟੂ ਚੌਹਾਨ, ਨਾਥਵਿੰਦਰ ਸਿੰਘ ਮਜੀਠਾ, ਨਵਦੀਪ ਸਿੰਘ ਜਲਬੇੜਾ, ਸੰਦੀਪ ਸਿੰਘ ਰੁਪਾਲੋਂ, ਗੁਰਵਿੰਦਰ ਸਿੰਘ ਚਾਵਲਾ, ਬੀਬੀ ਮਨਜੀਤ ਕੌਰ, ਭਾਈ ਦਇਆ ਸਿੰਘ, ਭਾਈ ਮਨਜਿੰਦਰ ਸਿੰਘ ਕਲੇਰ, ਸ੍ਰ ਹਰਜਿੰਦਰ ਸਿੰਘ ਪਿਤਾ ਪ੍ਰਧਾਨ ਮੰਤਰੀ ਬਾਜੇਕੇ, ਭਾਈ ਜਤਨ ਸਿੰਘ ਖਾਲਸਾ, ਸੁਖਦੇਵ ਸਿੰਘ ਕਾਦੀਆਂ, ਸਰਪੰਚ ਬਲਜੀਤ ਸਿੰਘ, ਨਿਰਮਲ ਸਿੰਘ ਜੱਸੇਆਣਾਂ, ਕ੍ਰਿਸ਼ਨ ਸਿੰਘ ਰੁਪਾਣਾ, ਕੈਪਟਨ ਪਰਮਜੀਤ ਸਿੰਘ, ਭਾਈ ਮਨਦੀਪ ਸਿੰਘ, ਸਵਾਮੀ ਸ਼ੂਨਿਆ ਜੀ, ਬਾਬਾ ਬਿਬੇਕ ਸਿੰਘ ਜੀ, ਸੁਖਬੀਰ ਸਿੰਘ ਵਲਟੋਹਾ ਅਤੇ ਗੁਰਪ੍ਰੀਤ ਸਿੰਘ ਘਾਂਗਾ ਤੋਂ ਇਲਾਵਾ ਸੈਂਕੜੇ ਆਗੂ ਤੇ ਵਰਕਰ ਹਾਜਰ ਸਨ।

# ਸ੍ਰੀਮਤੀ ਮਮਤਾ ਰਾਣੀ ਜੀ (ਪੀ.ਟੀ.ਆਈ.) ਦਾ ਜੱਸੀ ਢੱਲ ਮੈਮੋਰੀਅਲ ਸਪੋਰਟਸ ਕਲੱਬ (ਰਜਿ.) ਵੱਲੋਂ ਕੀਤਾ ਗਿਆ ਸਨਮਾਨ

ਫਤਿਹ ਟਾਈਮਜ਼

ਪਟਿਆਲਾ, 14 ਜਨਵਰੀ (ਪ ਪ) ਜੱਸੀ ਢੱਲ ਮੈਮੋਰੀਅਲ ਸਪੋਰਟਸ ਕਲੱਬ (ਰਜਿ.) ਵੱਲੋਂ ਤੀਜੀ ਜੱਸੀ ਢੱਲ ਮੈਮੋਰੀਅਲ ਬੇਸਬਾਲ ਚੈਂਪੀਅਨਸ਼ਿਪ ਸ.ਕੋ.ਐੱਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਭਾਰਤ ਦੇ ਦੇ ਵੱਖ ਵੱਖ ਸਥਾਨਾਂ ਤੋਂ ਟੀਮਾਂ ਨੇ ਭਾਗ ਲਿਆ। ਇਸ ਚੈਂਪੀਅਨਸ਼ਿਪ ਦਾ ਹਰ ਮੈਚ ਬਹੁਤ ਹੀ ਰੋਮਾਂਚਕ ਰਿਹਾ ਅਤੇ ਦਰਸ਼ਕਾਂ ਵਿੱਚ ਵੀ ਇਸ ਚੈਂਪੀਅਨਸ਼ਿਪ ਨੂੰ ਵੇਖਣ ਦਾ ਬਹੁਤ ਉਤਸ਼ਾਹ ਰਿਹਾ। ਇਸ ਚੈਂਪੀਅਨਸ਼ਿਪ ਦੌਰਾਨ ਸ੍ਰੀਮਤੀ



ਮਮਤਾ ਰਾਣੀ ਜੀ (ਪੀ.ਟੀ.ਆਈ., ਸਰਕਾਰੀ ਮਿਡਲ ਸਕੂਲ ਖੇੜੀ ਗੁੱਜਰਾਂ, ਪਟਿਆਲਾ) ਵਿਸ਼ੇਸ਼ ਤੌਰ ਤੇ ਪਹੁੰਚੇ। ਚੈਂਪੀਅਨਸ਼ਿਪ ਦੇ ਪ੍ਰਬੰਧਕਾਂ ਅਤੇ ਸ੍ਰੀ ਭਗਵਾਨ ਦਾਸ ਜੁਨੇਜਾ ਜੀ ਵੱਲੋਂ ਸ੍ਰੀਮਤੀ ਮਮਤਾ ਰਾਣੀ ਜੀ ਦਾ ਚੈਂਪੀਅਨਸ਼ਿਪ ਵਿੱਚ ਪਹੁੰਚਣ ਤੇ ਸਨਮਾਨ ਕੀਤਾ ਗਿਆ। ਸ੍ਰੀਮਤੀ ਮਮਤਾ ਰਾਣੀ ਜੀ ਨੇ ਕਿਹਾ ਕਿ ਉਹਨਾਂ ਨੂੰ ਇਹ ਸਨਮਾਨ ਪ੍ਰਾਪਤ ਕਰਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ । ਸ੍ਰੀਮਤੀ ਮਮਤਾ ਰਾਣੀ ਜੀ ਨੇ ਕਿਹਾ ਕਿ ਇਹ ਚੈਂਪੀਅਨਸ਼ਿਪ ਬੇਸਬਾਲ ਨੂੰ ਭਾਰਤ ਵਿੱਚ ਨਵੀਆਂ ਉਚਾਈਆਂ ਤੇ ਲੈ ਕੇ ਜਾਵੇਗੀ। ਸ੍ਰੀਮਤੀ ਮਮਤਾ ਰਾਣੀ ਜੀ ਨੇ ਦੱਸਿਆ ਕਿ ਚੈਂਪੀਅਨਸ਼ਿਪ ਦੇ ਪ੍ਰਬੰਧ ਬਹੁਤ ਹੀ ਉੱਚੇ ਦਰਜੇ ਦੇ ਹਨ ਅਤੇ ਖਿਡਾਰੀਆਂ ਦੀ ਹਰ ਸਹੂਲਤ ਦਾ ਧਿਆਨ ਰੱਖਿਆ ਗਿਆ ਹੈ। ਇਸ ਮੌਕੇ ਤੇ ਸ੍ਰੀ ਹਰੀਸ਼ ਸਿੰਘ, ਸ੍ਰੀ ਯਾਦਵਿੰਦਰ ਸਿੰਘ ਵਾਲੀਆ, ਸ੍ਰੀ ਵਿਕਰਮ ਸਿੰਘ, ਸ੍ਰੀ ਮਨਪ੍ਰੀਤ ਸਿੰਘ, ਸ੍ਰੀ ਗੁਰਜੀਤ ਸਿੰਘ, ਸ੍ਰੀਮਤੀ ਕੁਲਦੀਪ ਕੌਰ, ਸ੍ਰੀ ਮਨਦੀਪ ਸਿੰਘ, ਸ੍ਰੀ ਦੀਪਇੰਦਰ ਸਿੰਘ, ਸ੍ਰੀ ਜਸਵਿੰਦਰ ਸਿੰਘ ਅਤੇ ਹੋਰ ਕੋਚ ਮੌਜੂਦ ਸਨ ।

# ਮਮੂਨ ਕੈਂਟ ‘ਚ ਸਾਬਕਾ ਸੈਨਿਕ ਦਿਨ ਸਨਮਾਨ ਤੇ ਸਨੇਹ ਨਾਲ ਮਨਾਇਆ ਗਿਆ



ਫਤਿਹ ਟਾਈਮਜ਼

ਪਠਾਨਕੋਟ, 14 ਜਨਵਰੀ (ਪਵਨ ਸ਼ਰਮਾਂ) ਪਠਾਨਕੋਟ ਮਾਮੂਨ ਵਿਖੇ 14 ਜਨਵਰੀ 2026 ਨੂੰ ਸਾਬਕਾ ਸੈਨਿਕ ਦਿਨ ਸਨਮਾਨ ਅਤੇ ਗਰਮਜੋਸ਼ੀ ਨਾਲ ਮਨਾਇਆ ਗਿਆ। ਵੱਡੀ ਗਿਣਤੀ ਵਿੱਚ ਪੂਰਵ ਸੈਨਿਕ, ਵੀਰ ਨਾਰੀਆਂ ਅਤੇ ਉਹਨਾਂ ਦੇ ਪਰਿਵਾਰ ਇਸ ਮੌਕੇ ‘ਤੇ ਸ਼ਾਮਲ ਹੋਏ। ਦੇਸ਼ ਭਰ ਵਿੱਚ ਮਨਾਇਆ ਜਾਣ ਵਾਲਾ ਇਹ ਦਿਵਸ ਭਾਰਤੀ ਸਸ਼ਸਤ੍ਰ ਬਲਾਂ ਦੇ ਪੂਰਵ ਸੈਨਿਕਾਂ ਦੀ ਸੇਵਾ, ਸਮਰਪਣ ਅਤੇ ਬਲਿਦਾਨ ਨੂੰ ਸਲਾਮ ਕਰਨ ਲਈ ਸਮਰਪਿਤ ਹੈ। ਇਹ ਦਿਵਸ ਫ਼ੀਲਡ ਮਾਰਸ਼ਲ ਕੇ.ਐਮ. ਕਰਿਆੱਪਾ ਦੀ ਵਿਰਾਸਤ ਨਾਲ ਵੀ ਜੁੜਿਆ ਹੋਇਆ ਹੈ।ਕਾਰਜਕ੍ਰਮ ਵਿੱਚ ਵੱਖ-ਵੱਖ ਉਮਰ ਦੇ ਕਈ ਪੂਰਵ ਸੈਨਿਕਾਂ ਨੇ ਹਾਜ਼ਰੀ ਲਗਾਈ। ਸੀਨੀਅਰ ਅਤੇ ਵ੍ਹੀਲਚੇਅਰ ‘ਤੇ ਆਏ ਸਾਬਕਾ ਸੈਨਿਕਾਂ ਲਈ ਖਾਸ ਤੌਰ ‘ਤੇ ਸੁਵਿਧਾਵਾਂ ਕੀਤੀਆਂ ਗਈਆਂ ਤਾਂ ਜੋ ਉਹ ਬਿਨਾ ਕਿਸੇ ਦਿੱਕਤ ਦੇ ਹਿੱਸਾ ਲੈ ਸਕਣ। ਪਰਿਵਾਰਾਂ ਦੀ ਹਾਜ਼ਰੀ ਨੇ ਸਮਾਗਮ ਨੂੰ ਹੋਰ ਵੀ ਸਨੇਹੀ ਅਤੇ ਜੀਵੰਤ ਬਣਾ ਦਿੱਤਾ।ਵੀਰ ਨਾਰੀਆਂ ਦੇ ਸਨਮਾਨ ਲਈ ਇੱਕ ਸਧਾਰਨ ਅਤੇ ਭਾਵੁਕ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਗੁਰਜ ਫੈਮਿਲੀ ਵੈਲਫੇਅਰ ਆਰਗੇਨਾਈਜ਼ੇਸ਼ਨ ਦੀ ਅਧਿਆਕਸ਼ਾ ਨੇ ਉਹਨਾਂ ਨਾਲ ਰੂਬਰੂ ਹੋ ਕੇ ਉਹਨਾਂ ਦੇ ਧੈਰਜ, ਹੁੰਸਲੇ ਅਤੇ ਯੋਗਦਾਨ ਦੀ ਪ੍ਰਸ਼ੰਸਾ ਕੀਤੀ। ਸੀਨੀਅਰ ਸਾਬਕਾ ਸੈਨਿਕਾਂ ਲਈ ਘਰ ਤੱਕ ਦਵਾਈ ਪਹੁੰਚ ਸੇਵਾ, 72 ਪੂਰਵ ਸੈਨਿਕਾਂ ਲਈ ਸਕਿਲਿੰਗ ਤੇ ਰੁਜ਼ਗਾਰ ਸਹਾਇਤਾ, ਅਤੇ ਨੇੜਲੇ ਇਲਾਕਿਆਂ ਵਿੱਚ ਲਗਭਗ 50,000 ਪੂਰਵ ਸੈਨਿਕਾਂ ਨਾਲ ਸੰਪਰਕ ਕਰਨ ਵਾਲਾ ਵਿਆਪਕ ਆਉਟਰੀਚ ਪ੍ਰੋਗਰਾਮ ਵੀ ਵਿਸ਼ੇਸ਼ ਤੌਰ ‘ਤੇ ਸਰਾਹਿਆ ਗਿਆ।ਸਮਾਗਮ ਵਿੱਚ ਦਸਤਾਵੇਜ਼ ਅਪਡੇਟ ਕਰਨ, ਪੈਨਸ਼ਨ ਅਤੇ ਸੇਵਾ ਸੰਬੰਧੀ ਮਦਦ, ਮੈਡੀਕਲ ਜਾਂਚ, ਬੈਂਕਿੰਗ ਸੇਵਾਵਾਂ ਅਤੇ ਰੇਜਿਮੈਂਟਲ ਰਿਕਾਰਡਾਂ ਨਾਲ ਜੁੜੇ ਕਾਊਂਟਰ ਲਗਾਏ ਗਏ ਸਨ। ਜ਼ਿਲ੍ਹਾ ਸੈਨਿਕ ਬੋਰਡ, ਈ ਸੀ ਐਚ ਐਸ, ਵੱਖ-ਵੱਖ ਰੇਜਿਮੈਂਟਲ ਕੇਂਦਰਾਂ ਅਤੇ ਸਥਾਨਕ ਸੰਗਠਨਾਂ ਦੇ ਨੁਮਾਇੰਦਿਆਂ ਨੇ ਮੌਕੇ ‘ਤੇ ਹੀ ਸਮੱਸਿਆਵਾਂ ਦਾ ਹੱਲ ਕਰਨ ਵਿੱਚ ਸਹਾਇਤਾ ਦੀ।ਸਾਬਕਾ ਸੈਨਿਕਾਂ ਨੇ ਆਪਣੀਆਂ ਭਾਵਨਾਵਾਂ ਸਾਂਝੀਆਂ ਕਰਦਿਆਂ ਭਾਰਤੀ ਸੈਨਾ ਅਤੇ ਗੁਰਜ ਡਿਵੀਜ਼ਨ ਦਾ ਧੰਨਵਾਦ ਕੀਤਾ। ਸੀਨੀਅਰ ਪੂਰਵ ਸੈਨਿਕਾਂ ਨੇ ਕਿਹਾ ਕਿ ਅਜਿਹੀਆਂ ਪਹਲਾਂ ਸੇਵਾ ਕਰ ਰਹੇ ਅਤੇ ਰਿਟਾਇਰਡ ਸੈਨਿਕਾਂ ਵਿਚਕਾਰ ਮਜ਼ਬੂਤ ਨਾਤਾ ਬਣਾਈ ਰੱਖਦੀਆਂ ਹਨ ਅਤੇ ਪੂਰਵ ਸੈਨਿਕਾਂ ਦੀ ਭਲਾਈ ਨੂੰ ਪ੍ਰਾਥਮਿਕਤਾ ਦਿੰਦੀਆਂ ਹਨ।ਸਮਾਗਮ ਸਨੇਹੀ ਅਤੇ ਸਕਾਰਾਤਮਕ ਮਾਹੌਲ ਵਿੱਚ ਸਮਾਪਤ ਹੋਇਆ, ਜਿਸ ਨੇ ਭਾਰਤੀ ਸੈਨਾ ਅਤੇ ਪੂਰਵ ਸੈਨਿਕ ਭਾਈਚਾਰੇ ਵਿਚਕਾਰ ਅਟੁੱਟ ਰਿਸ਼ਤੇ ਨੂੰ ਹੋਰ ਮਜ਼ਬੂਤ ਕੀਤਾ ਅਤੇ ਉਸ ਸੇਵਾ-ਭਾਵਨਾ ਦਾ ਜਸ਼ਨ ਮਨਾਇਆ ਜੋ ਭਾਰਤੀ ਸਸ਼ਸਤ੍ਰ ਬਲਾਂ ਦੀ ਪਹਿਚਾਣ ਹੈ।

ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575

ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖ਼ਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਨਲ ਤੇ ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575

Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

## ਇਤਿਹਾਸਕ ਰਾਮਬਾਣੀ ਮੰਦਰ ਚੱਬਾ ਵਿਖੇ ਮਕਰ ਸੰਕ੍ਰਾਂਤੀ ਦਾ ਸਾਲਾਨਾ ਮੇਲਾ ਵੱਡੀ ਧੂਮਧਾਮ ਨਾਲ ਮਨਾਇਆ ਜਾ ਰਿਹਾ

ਫਤਿਹ ਟਾਈਮਜ਼



ਅੰਮ੍ਰਿਤਸਰ, 14 ਜਨਵਰੀ (ਪ ਪ) ਪਿੰਡ ਚੱਬਾ ਸਥਿਤ ਪਰਮਹੰਸ ਬਾਬਾ ਠਾਕੁਰ ਜੀ ਮਹਾਰਾਜ ਦੇ ਇਤਿਹਾਸਕ ਰਾਮਬਾਣੀ ਮੰਦਰ ਵਿੱਚ ਮਕਰ ਸੰਕ੍ਰਾਂਤੀ ਦਾ ਸਾਲਾਨਾ ਮੇਲਾ ਵੱਡੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਲੋਹੜੀ ਦੇ ਤਿਉਹਾਰ ਦੇ ਮੌਕੇ 'ਤੇ ਅੱਜ ਰਾਮਚਰਿਤਮਾਨਸ ਦੇ ਪਾਠ ਦੀ ਸ਼ੁਰੂਆਤ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰੀ ਭਰ ਰਹੀਆਂ ਹਨ। ਬੁੱਧਵਾਰ ਨੂੰ ਪਾਠ ਦੇ ਭੋਗ ਉਪਰੰਤ ਮਹਾਪ੍ਰਸਾਦ ਵੰਡਿਆ ਜਾਵੇਗਾ, ਜਦਕਿ ਗੁਰੂ ਕਾ ਲੰਗਰ ਸਾਰਾ ਦਿਨ ਅਟੁੱਟ ਵਰਤੇਗਾ। ਮੇਲੇ ਦੌਰਾਨ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਕਾਰਨ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਰੌਣਕ ਬਣੀ ਹੋਈ ਹੈ। ਜ਼ਿਕਰਯੋਗ ਹੈ ਕਿ ਚੱਬਾ ਸਥਿਤ ਬਾਬਾ ਠਾਕੁਰ ਜੀ ਮਹਾਰਾਜ ਦੇ ਮੰਦਰ ਦੀ ਸੇਵਾ ਮਹਾਰਾਜਾ ਰਣਜੀਤ ਸਿੰਘ ਵੱਲੋਂ ਆਪਣੇ ਹੱਥੀਂ ਕਰਵਾਈ ਗਈ ਸੀ ਅਤੇ ਪੰਡਿਤ ਮੋਤੀ ਰਾਮ ਜੀ ਨੂੰ ਖੇਤੀਯੋਗ ਬੇਹਦ ਜ਼ਮੀਨ ਦਾਨ ਰੂਪ ਵਿੱਚ ਦਿੱਤੀ ਗਈ ਸੀ। ਅੱਜ ਵੀ ਰਾਮਬਾਣੀ ਪਰਿਵਾਰ ਵੱਲੋਂ ਇਸ ਇਤਿਹਾਸਕ ਮੰਦਰ ਦੀ ਸੇਵਾ ਨਿਰੰਤਰ ਤੌਰ 'ਤੇ ਨਿਭਾਈ ਜਾ ਰਹੀ ਹੈ।

# ਪੰਜਾਬ ਦੇ ਕਈ ਸਕੂਲਾਂ ਨੂੰ ਉਡਾਉਣ ਦੀਆਂ ਧਮਕੀਆਂ

ਫਤਿਹ ਟਾਈਮਜ਼

**ਅੰਮ੍ਰਿਤਸਰ ਅਤੇ ਮੋਗਾ ਦੇ ਕਈ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀ ਭਰੀਆਂ ਈ-ਮੇਲਾਂ ਮਿਲੀਆਂ।**

ਚੰਡੀਗੜ੍ਹ, 14 ਜਨਵਰੀ (ਫ.ਟ.ਬ) ਪੰਜਾਬ ਵਿੱਚ ਬੁੱਧਵਾਰ ਸਵੇਰੇ ਸਕੂਲ ਖੁੱਲ੍ਹਦਿਆਂ ਹੀ ਅੰਮ੍ਰਿਤਸਰ ਅਤੇ ਮੋਗਾ ਦੇ ਕਈ ਨਾਮੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀ ਭਰੀਆਂ ਈ-ਮੈਲਾਂ ਮਿਲੀਆਂ। ਪ੍ਰਬੰਧਕਾਂ ਨੇ ਸਾਵਧਾਨੀ ਵਜੋਂ ਤੁਰੰਤ ਛੁੱਟੀ ਕਰ ਦਿੱਤੀ ਅਤੇ ਵਿਦਿਆਰਥੀਆਂ ਨੂੰ ਘਰਾਂ ਵੱਲ ਰਵਾਨਾ ਕਰ ਦਿੱਤਾ। ਅੰਮ੍ਰਿਤਸਰ ਸ਼ਹਿਰ ਦੇ ਤਿੰਨ ਪ੍ਰਮੁੱਖ ਸਕੂਲਾਂ ਦੀ ਅਧਿਕਾਰਤ ਮੇਲ ਆਈ ਡੀ 'ਤੇ ਧਮਕੀ ਭਰੇ ਸੁਨੇਹੇ ਮਿਲੇ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਕਿ ਇਮਾਰਤ ਨੂੰ ਧਮਾਕੇ ਨਾਲ ਉਡਾ ਦਿੱਤਾ ਜਾਵੇਗਾ। ਇਨ੍ਹਾਂ ਈ-ਮੇਲਾਂ ਵਿੱਚ ਕਥਿਤ ਤੌਰ 'ਤੇ ਇੱਕ ਅੱਤਵਾਦੀ ਸੰਗਠਨ ਦਾ ਨਾਂਅ ਵੀ ਲਿਖਿਆ ਗਿਆ ਹੈ। ਅੰਮ੍ਰਿਤਸਰ ਦੇ ਦਿਹਾਤੀ ਇਲਾਕਿਆਂ ਵਿੱਚ ਵੀ ਕੁਝ ਸਕੂਲਾਂ ਨੂੰ ਅਜਿਹੀਆਂ ਧਮਕੀਆਂ ਮਿਲਣ ਦੀ ਰਿਪੋਰਟ ਹੈ। ਮੋਗਾ ਦੇ ਇੱਕ ਸਕੂਲ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ । ਇਸ ਤੋਂ ਬਾਅਦ ਸਕੂਲ ਨੂੰ ਖਾਲੀ ਕਰਵਾ ਲਿਆ ਗਿਆ।

# ਕੁਦਰਤੀ ਆਹਾਰ ਸਿਹਤ ਲਈ ਉੱਤਮ ਵਿਕਲਪ

ਫਤਿਹ ਟਾਈਮਜ਼



(ਲੜੀਵਾਰ ਲੇਖ ਕਿਸ਼ਤ 1) ਅੱਜ ਦਾ ਯੁੱਗ ਵਿਗਿਆਨ ਅਤੇ ਤਕਨੀਕੀ ਸਮਰੱਥਾ ਵਿੱਚ ਬੇਹੱਦ ਤੇਜ਼ੀ ਨਾਲ ਵਿਕਸਤ ਹੋ ਰਿਹਾ ਹੈ। ਭੌਤਿਕਤਾ ਨੇ ਇਸ ਸਦੀ ਦੇ ਸਮੇਂ ਨੂੰ ਤੇਜ਼ ਕਰ ਦਿੱਤਾ ਹੈ, ਜਿਸ ਨਾਲ ਪ੍ਰਕਿਰਿਆਬੱਧ ਖੁਰਾਕਾਂ ਦਾ ਪ੍ਰਬਲ ਪ੍ਰਭਾਵ ਬਣ ਗਿਆ ਹੈ। ਅੱਜਕੱਲ੍ਹ ਫਾਸਟ ਫੂਡ ਦੇ ਵਿਕਲਪ ਪਹਿਲਾਂ ਨਾਲੋਂ ਜ਼ਿਆਦਾ ਆਸਾਨੀ ਨਾਲ ਉਪਲਬਧ ਹਨ ਅਤੇ ਫਾਸਟ ਫੂਡ ਦੇ ਸਿਹਤ ਪ੍ਰਤੀ ਨੁਕਸਾਨ ਹੋਣ ਕਾਰਨ ਕੁਦਰਤੀ ਆਹਾਰ ਦੇ ਮਹੱਤਵ ਨੂੰ ਮੁੜ ਤੋਂ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ। ਸਿਹਤ ਦੇ ਮਾਹਿਰ ਕੁਦਰਤੀ ਆਹਾਰ ਵੱਲ ਵਾਪਸੀ ਦੀ ਵਕਾਲਤ ਕਰ ਰਹੇ ਹਨ। ਕੁਦਰਤੀ ਖੁਰਾਕਾਂ ਮਨੁੱਖਾਂ ਦੀ ਕੁੱਲ ਭਲਾਈ ਨੂੰ ਮਹੱਤਵਪੂਰਨ ਤੌਰ 'ਤੇ ਵੱਧਾ ਸਕਦੀਆਂ ਹਨ ਅਤੇ ਸਥਾਈ ਬਿਮਾਰੀਆਂ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਦਦ ਕਰਦੀਆਂ ਹਨ। ਇੱਕ ਕੁਦਰਤੀ ਆਹਾਰ ਮੁੱਖ ਤੌਰ 'ਤੇ ਫਲ, ਸਬਜ਼ੀਆਂ, ਮੋਟਾ ਅਨਾਜ, ਸੁੱਕੇ ਮੇਵਿਆਂ, ਬੀਜ ਅਤੇ ਪ੍ਰੋਟੀਨ ਤੋਂ ਬਣਿਆ ਹੁੰਦਾ ਹੈ। ਇਹ ਖੁਰਾਕਾਂ ਜ਼ਰੂਰੀ ਪੋਸ਼ਕ ਤੱਤਾਂ, ਵਿਟਾਮਿਨਾਂ ਅਤੇ ਖਣਿਜਾਂ ਨਾਲ ਭਰਪੂਰ ਹੁੰਦੀਆਂ ਹਨ ਜੋ ਸਰੀਰ ਦੇ ਕਾਰਜਾਂ ਨੂੰ ਸਮਰੱਥਨ ਦਿੰਦੀਆਂ ਹਨ ਅਤੇ ਲੰਬੀ ਉਮਰ ਨੂੰ ਵਧਾਉਂਦੀਆਂ ਹਨ। ਹਾਲੀਆ ਅਧਿਐਨ ਦਰਸਾਉਂਦੇ ਹਨ ਕਿ ਜੋ ਲੋਕ ਕੁਦਰਤੀ ਆਹਾਰ ਨੂੰ ਅਪਣਾਉਂਦੇ ਹਨ ਉਹਨਾਂ ਵਿੱਚ ਮੋਟਾਪਾ, ਮਧੁਮੇਹ, ਦਿਲ ਦੀ ਬਿਮਾਰੀਆਂ ਅਤੇ ਕੁਝ ਕਿਸਮਾਂ ਦੇ ਕੈਂਸਰ ਦੀਆਂ ਦਰਾਂ ਘੱਟ ਹੁੰਦੀਆਂ ਹਨ। ਡਾ.ਐਸ ਪੀ ਸਿੰਘ ਸੀਨੀਅਰ ਅਧਿਆਪਕ ਦੱਸਦੇ ਹਨ ਕਿ ਕੁਦਰਤੀ ਖੁਰਾਕਾਂ ਜ਼ਰੂਰੀ ਪੋਸ਼ਕ ਤੱਤਾਂ ਵਿੱਚ ਭਰਪੂਰ ਹੁੰਦੀਆਂ ਹਨ ਅਤੇ ਇਹ ਆਪਣੇ ਕੈਲੋਰੀ ਸਮੱਗਰੀ ਦੇ ਮੁਕਾਬਲੇ ਵਿੱਚ ਵਿਟਾਮਿਨਾਂ ਅਤੇ ਖਣਿਜਾਂ ਦੀ ਉੱਚ ਮਾਤਰਾ ਪ੍ਰਦਾਨ ਕਰਦੀਆਂ ਹਨ। ਇਹ ਸਿਹਤਮੰਦ ਭਾਰ ਨੂੰ ਬਣਾਈ ਰੱਖਣ ਵਿੱਚ ਮਦਦ ਕਰਦਾ ਹੈ ਪਰ ਇਹ ਇਮਿਊਨ ਸਿਸਟਮ ਦੇ ਸੁਚਾਰੂ ਕੰਮ ਕਰਨ ਵਿੱਚ ਵੀ ਸਹਾਇਤਾ ਕਰਦਾ ਹੈ, ਜੋ ਕਿ ਚੰਗੀ ਕੁੱਲ ਸਿਹਤ ਵਿੱਚ ਯੋਗਦਾਨ ਪਾਉਂਦਾ ਹੈ। ਇੱਕ ਕੁਦਰਤੀ ਆਹਾਰ ਦੇ ਸਭ ਤੋਂ ਮਹੱਤਵਪੂਰਨ ਫਾਇਦਿਆਂ ਵਿੱਚੋਂ ਇੱਕ ਇਸ ਦੀ ਪ੍ਰਤੀ-ਸੰਘਟਨਾ ਗੁਣ ਹੈ। ਬਹੁਤ ਸਾਰੀਆਂ ਸਦੀਵੀ ਬਿਮਾਰੀਆਂ ਸਰੀਰ ਵਿੱਚ ਪ੍ਰਤੀ-ਸੰਘਟਨਾ ਨਾਲ ਜੁੜੀਆਂ ਹੋਈਆਂ ਹਨ। ਜਿਵੇਂ ਕਿ ਬੇਰੀਆਂ, ਪੱਤੇ ਵਾਲੀਆਂ ਸਬਜ਼ੀਆਂ ਅਤੇ ਮੱਛੀ ਵਰਗੀਆਂ ਖੁਰਾਕਾਂ ਐਂਟੀਓਕਸੀਡੈਂਟ ਅਤੇ ਓਮੇਗਾ-3 ਫੈਟੀ ਐਸਿਡਸ ਨਾਲ ਭਰਪੂਰ ਹੁੰਦੀਆਂ ਹਨ ਜੋ ਪ੍ਰਤੀ-ਸੰਘਟਨਾ ਨਾਲ ਲੜਨ ਵਿੱਚ ਮਦਦ ਕਰਦੀਆਂ ਹਨ। ਸੰਸਾਰ ਭਰ ਦੇ ਅਧਿਐਨਾਂ ਨੇ ਦਰਸਾਇਆ ਕਿ ਜੋ ਲੋਕ ਇਨ੍ਹਾਂ ਕੁਦਰਤੀ ਖੁਰਾਕਾਂ ਨਾਲ ਭਰਪੂਰ ਆਹਾਰ ਖਾਂਦੇ ਹਨ ਉਹਨਾਂ ਵਿੱਚ ਪ੍ਰਤੀ-ਸੰਘਟਨਾ ਦੇ ਨਿਸ਼ਾਨ ਘੱਟ ਹੁੰਦੇ ਹਨ ਜਿਨ੍ਹਾਂ ਨੇ ਪ੍ਰਕਿਰਿਆਬੱਧ ਖੁਰਾਕਾਂ 'ਤੇ ਜ਼ਿਆਦਾ ਨਿਰਭਰਤਾ ਕੀਤੀ। ਇਸ ਤੋਂ ਇਲਾਵਾ ਇੱਕ ਕੁਦਰਤੀ ਆਹਾਰ ਆਂਤੜੀਆਂ ਦੀ ਸਿਹਤ ਨੂੰ ਵੀ ਉਤਸ਼ਾਹਿਤ ਕਰਦਾ ਹੈ। ਫੈਰਮੈਂਟ ਕੀਤੀਆਂ ਖੁਰਾਕਾਂ ਜਿਵੇਂ ਕਿ ਦਹੀਂ,ਲੱਸੀ ਆਦਿ ਪਾਚਣ ਪ੍ਰਕਿਰਿਆ ਵਿੱਚ ਲਾਭਦਾਇਕ ਪ੍ਰੋਬਾਇਓਟਿਕਸ ਨੂੰ ਸ਼ਾਮਲ ਕਰਦੀਆਂ ਹਨ ਜੋ ਪਾਚਣ ਵਿੱਚ ਮਦਦ ਕਰਦੀਆਂ ਹਨ ਅਤੇ ਪੋਸ਼ਣ ਦੇ ਅਵਸ਼ੋਸ਼ਣ ਨੂੰ ਵਧਾਉਂਦੀਆਂ ਹਨ। ਇੱਕ ਸਿਹਤਮੰਦ ਗਟ ਮਾਈਕ੍ਰੋਬਾਇਓਮ ਕੁੱਲ ਸਿਹਤ ਲਈ ਮਹੱਤਵਪੂਰਨ ਹੈ ਜੋ ਕਿ ਮੂਡ ਤੋਂ ਲੈ ਕੇ ਇਮਿਊਨ ਫੰਕਸ਼ਨ ਤੱਕ ਸਭ ਕੁਝ ਪ੍ਰਭਾਵਿਤ ਕਰਦਾ ਹੈ।

ਖੁਰਾਕ ਚੋਣਾਂ ਦਾ ਵਾਤਾਵਰਨ 'ਤੇ ਪ੍ਰਭਾਵ ਵੀ ਕੁਦਰਤੀ ਆਹਾਰ ਨੂੰ ਗ੍ਰਹਿਣ ਕਰਨ ਦਾ ਇੱਕ ਹੋਰ ਕਾਰਨ ਹੈ। ਮੋਟੇ ਅਨਾਜ ਨਾਲ ਜੁੜੇ ਟਿਕਾਊ ਕਿਸਾਨੀ ਅਭਿਆਸ ਆਮ ਤੌਰ 'ਤੇ ਉਦਯੋਗਿਕ ਕਿਸਾਨੀ ਦੇ ਮੁਕਾਬਲੇ ਵਿੱਚ ਘੱਟ ਕਾਰਬਨ ਫੁੱਟਪ੍ਰਿੰਟ ਦਾ ਕਾਰਨ ਬਣਦੇ ਹਨ। ਜੇ ਲੋਕ ਸਥਾਨਕ ਫਲ ਅਤੇ ਸਬਜ਼ੀਆਂ ਚੁਣਦੇ ਹਨ ਤਾਂ ਉਹ ਆਪਣੇ ਲੋਕਾਂ ਦਾ ਸਮੱਰਥਨ ਕਰ ਸਕਦੇ ਹਨ ਅਤੇ ਵਾਤਾਵਰਨ ਦੀ ਸੰਭਾਲ ਵਿੱਚ ਯੋਗਦਾਨ ਪਾ ਸਕਦੇ ਹਨ। ਇਸ ਦੇ ਬਾਵਜੂਦ ਕੁਦਰਤੀ ਆਹਾਰ ਵੱਲ ਬਦਲਣਾ (ਚਲਦਾ)



ਲੇਖਕ: ਸੁਰਿੰਦਰਪਾਲ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ।

# ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 7.70 ਲੱਖ ਰੁਪਏ ਦੀ ਆਰਥਿਕ ਮਦਦ 10 ਹੜ ਪੀੜਤਾਂ ਪਰਿਵਾਰਾਂ ਨੂੰ ਦਿੱਤੀ

ਫਤਿਹ ਟਾਈਮਜ਼



ਪਠਾਨਕੋਟ, 14 ਜਨਵਰੀ (ਪਵਨ ਸ਼ਰਮਾਂ) ਜ਼ਿਲਾ ਕਾਨੂੰਨੀ ਸੇਵਾ ਅਥਾਰਟੀ ਪਠਾਨਕੋਟ ਵੱਲੋ ਇੱਕ ਪ੍ਰੋਗਰਾਮ ਦਾ ਆਯੋਜਨ ਸਕੱਤਰ ਕਮ ਸੀਜੇਐਮ ਰੁਪਿੰਦਰ ਸਿੰਘ ਅਗਵਾਈ ਵਿੱਚ ਕੀਤਾ ਗਿਆ, ਜਿਸ ਵਿੱਚ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਅਥਾਰਟੀ ਦੇ ਚੇਅਰਮੈਨ ਕਮ ਜ਼ਿਲ੍ਹਾ ਅਤੇ ਸੈਸ਼ਨ ਜੱਜ ਜੱਤਿੰਦਰ ਪਾਲ ਸਿੰਘ ਖੁਰਮੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ, ਇਸ ਮੌਕੇ ਤੇ ਜ਼ਿਲਾ ਪਠਾਨਕੋਟ ਦੇ 10 ਹੜ ਪੀੜਿਤ ਪਰਿਵਾਰਾਂ ਨੂੰ 7.70 ਲੱਖ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਗਈ, ਇਸ ਮੌਕੇ ਤੇ ਜ਼ਿਲਾ ਅਤੇ ਸੈਸ਼ਨ ਜੱਜ ਜਤਿੰਦਰ ਪਾਲ ਸਿੰਘ ਖੁਰਮੀ ਨੇ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋ ਹੜਾਂ ਦੇ ਦੌਰਾਨ ਜੁਡੀਸ਼ੀਅਲ ਅਧਿਕਾਰੀ, ਐਡਵੋਕੇਟ ਅਤੇ ਪੀਐਲਵੀ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਸੀ, ਅਤੇ ਮੌਕੇ ਤੇ ਹੀ ਹੜ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ ਗਈ ਸੀ, ਉਨਾਂ ਦੱਸਿਆ ਕਿ ਉਨਾਂ ਦੀਆਂ ਟੀਮਾਂ ਵੱਲੋਂ 10 ਜਰੂਰਤਮੰਦ ਪਰਿਵਾਰ ਚੁਣੇ ਗਏ ਸੀ ਜਿਨਾਂ ਨੂੰ ਕੋਈ ਵੀ ਰਾਹਤ ਨਹੀਂ ਮਿਲੀ ਸੀ, ਉਨਾਂ 10 ਪਰਿਵਾਰਾਂ ਨੂੰ 7.70 ਲੱਖ ਰੁਪਏ ਦੀ ਆਰਥਿਕ ਮਦਦ ਕੀਤੀ ਗਈ, ਤਾਂ ਜੋ ਉਹ ਆਪਣਾ ਮੁੜ ਬਸੇਵਾ ਕਰ ਸਕਣ, ਉਹਨਾਂ ਦੱਸਿਆ ਕਿ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਹਰ ਜਰੂਰਤਮੰਦ ਨੂੰ ਮੁਫਤ ਕਾਨੂੰਨੀ ਸਹਾਇਤਾ ਵੀ ਦਿੱਤੀ ਜਾਂਦੀ ਹੈ, ਜਿਸ ਵਿੱਚ ਵਕੀਲ ਦਾ ਸਾਰਾ ਖਰਚ ਅਥਾਰਟੀ ਵੱਲੋਂ ਕੀਤਾ ਜਾਂਦਾ ਹੈ, ਉਹਨਾਂ ਦੱਸਿਆ ਕਿ ਅਨੁਸੂਚਿਤ ਜਾਤੀ, ਮਜ਼ਦੂਰ, ਅਪੰਗ, ਜਿਨਾਂ ਲੋਕਾਂ ਦੀ ਸਾਲਾਨਾ ਆਮਦਨ ਤਿੰਨ ਲੱਖ ਤੋਂ ਘੱਟ ਹੈ ਜਾਂ ਜਿਹੜੇ ਲੋਕ ਜੇਲਾਂ ਵਿੱਚ ਬੰਦ ਹਨ ਉਨਾਂ ਨੂੰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮੁਫਤ ਵਿੱਚ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ, ਤਾਂ ਜੋ ਕੋਈ ਵੀ ਜਰੂਰਤ ਮੰਦ ਇਨਸਾਫ ਤੋਂ ਵਾਂਝਾ ਨਾ ਰਹਿ ਸਕੇ, ਇਸ ਮੌਕੇ ਤੇ ਸੀਨੀਅਰ ਸਹਾਇਕ ਸੰਜੇ ਕੁਮਾਰ, ਪੀਐਲਵੀ ਵਿਨੋਦ ਕੁਮਾਰ, ਪੀਐਲਵੀ ਜਗੀਰ ਸਿੰਘ, ਪੀਐਲਵੀ ਬਲਵਾਨ ਸਿੰਘ ਆਦਿ ਸ਼ਾਮਿਲ ਸਨ।


ਦਰਸ਼ਨ ਬੇਕਰੀ
ਮੇਨ ਰੋਡ ਫਤਿਆਬਾਦ, (ਤਰਨ ਤਾਰਨ)
ਇਥੋਂ ਕੇਕ,ਪੇਸਟੀਆਂ,ਹਰ ਤਰਾਂ ਦੇ ਬਿਸਕੁਟ,ਸੂਜੀ ਰਸ ,ਪੈਟੀਆਂ,ਕਰੀਮ ਰੋਲ ਹਰ ਸਮੇਂ ਤਿਆਰ ਲਵੋ ।



ਕੁਲਜੀਤ ਸਿੰਘ ਲਾਡੀ
ਸੰਪਰਕ : 98721-51544, 98559-21544



ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।



FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575

# ਕੈਨੇਡਾ 'ਚ ਪੰਜਾਬੀ ਕਾਰੋਬਾਰੀ ਦਾ ਕਤਲ



ਟੋਰਾਂਟੋ, 14 ਜਨਵਰੀ (ਫ.ਟ.ਬ) ਸਰੀ 'ਚ ਪੰਜਾਬੀ ਕਾਰੋਬਾਰੀ ਬਿੰਦਰ ਸਿੰਘ ਗਰਚਾ ਦੀ 13 ਜਨਵਰੀ ਨੂੰ ਉਸ ਦੇ ਫਾਰਮ ਹਾਉਸ ਨੇੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਸਰੀ ਪੁਲਸ ਸੇਵਾ ਮੁਤਾਬਕ ਦੁਪਹਿਰ 12:05 ਵਜੇ ਸੜਕ ਕਿਨਾਰੇ ਇੱਕ ਜ਼ਖਮੀ ਵਿਅਕਤੀ ਦੇ ਪਏ ਹੋਣ ਦੀ ਰਿਪੋਰਟ ਮਿਲੀ। ਸਰੀ ਫਾਇਰ ਸਰਵਿਸ ਅਤੇ ਬੀ ਸੀ ਐਮਰਜੈਂਸੀ ਸਿਹਤ ਸੇਵਾਵਾਂ ਨੇ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੀ ਕੋਸ਼ਿਸ਼ ਕੀਤੀ, ਪਰ ਬਚਾਅ ਨਹੀਂ ਸਕੀਆਂ। ਘਟਨਾ ਕੇਨਸਿੰਗਟਨ ਪ੍ਰੇਰੀ ਖੇਤਰ ਵਿੱਚ ਵਾਪਰੀ, ਜੋ ਕਿ 176ਵੀਂ ਸਟਰੀਟ ਅਤੇ 35ਵੀਂ ਐਵੇਨਿਊ 'ਤੇ ਸਥਿਤ ਹੈ। ਇਹ ਮੁੱਖ ਤੌਰ 'ਤੇ ਖੇਤੀਬਾੜੀ ਖੇਤਰ ਹੈ। ਹਾਲਾਂਕਿ, ਪੁਲਸ ਨੇ ਮ੍ਰਿਤਕ ਦੀ ਪਛਾਣ ਅਧਿਕਾਰਤ ਤੌਰ 'ਤੇ ਜਾਰੀ ਨਹੀਂ ਕੀਤੀ ਹੈ, ਪਰ ਸੂਤਰਾਂ ਤੋਂ ਪਤਾ ਲੱਗਿਆ ਹੈ ਕਿ ਮਾਰੇ ਗਏ ਕਾਰੋਬਾਰੀ ਦੀ ਪਛਾਣ ਸਟੂਡੀਓ-12 ਦੇ ਮਾਲਕ ਬਿੰਦਰ ਗਰਚਾ ਵਜੋਂ ਹੋਈ ਹੈ। ਹਮਲਾਵਰਾਂ ਨੇ ਉਸ ਨੂੰ ਫਾਰਮ ਦੇ ਗੇਟ ਨੇੜੇ ਨਿਸ਼ਾਨਾ ਬਣਾਇਆ। ਕਤਲ ਤੋਂ ਥੋੜ੍ਹੀ ਦੇਰ ਬਾਅਦ ਪੁਲਸ ਨੂੰ 189ਵੀਂ ਸਟਰੀਟ ਅਤੇ 40ਵੀਂ ਐਵੇਨਿਊ ਦੇ ਨੇੜੇ ਇੱਕ ਸੜੀ ਹੋਈ ਕਾਰ ਮਿਲੀ । ਗਰਚਾ ਕਈ ਕਾਰੋਬਾਰਾਂ ਵਿੱਚ ਸ਼ਾਮਲ ਸੀ, ਜਿਸ ਵਿੱਚ ਵੀਡੀਓਗ੍ਰਾਫੀ ਅਤੇ ਫੋਟੋਗ੍ਰਾਫੀ, ਲਿਮੋਜ਼ਿਨ ਸੇਵਾ ਅਤੇ ਐਮਪ੍ਰੈਸ ਬੈਂਕੁਇਟ ਹਾਲ ਸ਼ਾਮਲ ਸਨ। ਉਹ ਨਵਾਂਸ਼ਹਿਰ ਜ਼ਿਲ੍ਹੇ ਦੇ ਮੱਲ੍ਹਾ ਬੇਦੀਆਂ ਪਿੰਡ ਦਾ ਸੀ। ਉਹ ਪਿੱਛੇ ਪਤਨੀ, ਦੋ ਧੀਆਂ, ਇੱਕ ਪੁੱਤਰ ਅਤੇ ਮਾਤਾ-ਪਿਤਾ ਛੱਡ ਗਿਆ ਹੈ।

# ਧਮਕੀ ਤੋਂ ਬਾਅਦ ਲੁਧਿਆਣਾ ਦੀ ਕਚਹਿਰੀ ਖਾਲੀ ਕਰਵਾਈ

## ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈ-ਮੇਲ ਪ੍ਰਾਪਤ ਹੋਈ।

ਲੁਧਿਆਣਾ, 14 ਜਨਵਰੀ (ਫ.ਟ.ਬ) ਜ਼ਿਲ੍ਹਾ ਅਦਾਲਤੀ ਕੰਪਲੈਕਸ ਵਿੱਚ ਬੁੱਧਵਾਰ ਭਾਜੜ ਮਚ ਗਈ, ਜਦੋਂ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈ-ਮੇਲ ਪ੍ਰਾਪਤ ਹੋਈ। ਇੱਕ ਹਫਤੇ ਵਿੱਚ ਇਹ ਦੂਜੀ ਵਾਰ ਹੈ ਜਦੋਂ ਅਦਾਲਤ ਨੂੰ ਨਿਸ਼ਾਨਾ ਬਣਾਉਣ ਦੀ ਅਜਿਹੀ ਧਮਕੀ ਮਿਲੀ ਹੈ। ਪੂਰੇ ਕੰਪਲੈਕਸ ਨੂੰ ਤੁਰੰਤ ਖਾਲੀ ਕਰਵਾ ਲਿਆ ਗਿਆ ਅਤੇ ਵਕੀਲਾਂ ਨੂੰ ਆਪਣੇ ਚੈਂਬਰਾਂ ਵਿੱਚ ਨਾ ਜਾਣ ਦੀ ਸਖਤ ਹਦਾਇਤ ਦਿੱਤੀ ਗਈ । ਧਮਕੀ ਬੁੱਧਵਾਰ ਸਵੇਰੇ ਅਦਾਲਤ ਦੇ ਅਧਿਕਾਰਤ ਮੇਲ ਆਈ ਡੀ 'ਤੇ ਭੇਜੀ ਗਈ ਸੀ। ਦਾਅਵਾ ਕੀਤਾ ਗਿਆ ਸੀ ਕਿ ਕੁਝ ਹੀ ਸਮੇਂ ਵਿੱਚ ਅਦਾਲਤ ਨੂੰ ਬੰਬ ਨਾਲ ਉਡਾ ਦਿੱਤਾ ਜਾਵੇਗਾ। ਦੂਜੇ ਪਾਸੇ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਿਪਨ ਸੱਗੜ ਨੇ ਵਕੀਲਾਂ ਅਤੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ 'ਨੋ ਵਰਕ ਡੇਅ' ਦਾ ਐਲਾਨ ਕਰ ਦਿੱਤਾ । ਇਸ ਕਾਰਨ ਦੂਰ-ਦੂਰ ਤੋਂ ਆਏ ਸੈਂਕੜੇ ਲੋਕਾਂ ਨੂੰ ਬਿਨਾਂ ਕਿਸੇ ਕਾਰਵਾਈ ਦੇ ਵਾਪਸ ਮੁੜਨਾ ਪਿਆ। ਫਤਿਹਗੜ੍ਹ ਸਾਹਿਬ ਸਥਿਤ ਜ਼ਿਲ੍ਹਾ ਜੁਡੀਸ਼ੀਅਲ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਕੰਪਲੈਕਸ 'ਚ ਦਾਖਲਾ ਬੰਦ ਕਰ ਦਿੱਤਾ ਗਿਆ। ਜ਼ਿਲ੍ਹਾ ਸੈਸ਼ਨ ਜੱਜ ਨੂੰ ਈਮੇਲ ਰਾਹੀਂ ਪ੍ਰਾਪਤ ਹੋਈ ਧਮਕੀ ਤੋਂ ਬਾਅਦ ਕੰਪਲੈਕਸ ਨੂੰ ਬੰਦ ਕਰ ਦਿੱਤਾ ਗਿਆ।



(M) 97819-55016
ਬਲਬੀਰ ਸਿੰਘ
ਟਾਈਫਾਇਡ, ਸਰਵਾਈਕਲ, ਲੀਵਰ ਫੈਟੀ, ਲੱਤਾਂ ਬਾਹਵਾਂ ਦੀਆਂ ਦਰਦਾਂ ਆਦਿ ਹਰ ਬਿਮਾਰੀ ਦਾ ਇਲਾਜ ਗਰੰਟੀ ਨਾਲ ਕੀਤਾ ਜਾਂਦਾ ਹੈ ।
ਗੋਇੰਦਵਾਲ ਰੋਡ, ਨੇੜੇ ਬੱਚੜੇ ਵਾਲੀ ਖੂਹੀ, ਤਰਨ ਤਾਰਨ


# ਈਰਾਨ 'ਚ ਹਾਲਾਤ ਬੇਕਾਬੂ: ਪ੍ਰਦਰਸ਼ਨਾਂ ਦੌਰਾਨ ਮਰਨ ਵਾਲਿਆਂ ਦੀ ਗਿਣਤੀ ਹੋਈ 2,572



ਦੁਬਈ/ਤੇਹਰਾਨ, 14 ਜਨਵਰੀ (ਫ.ਟ.ਬ) ਈਰਾਨ ਵਿੱਚ ਸਰਕਾਰ ਵਿਰੋਧੀ ਪ੍ਰਦਰਸ਼ਨਾਂ ਦੌਰਾਨ ਹਿੰਸਾ ਲਗਾਤਾਰ ਵਧਦੀ ਜਾ ਰਹੀ ਹੈ। ਮਨੁੱਖੀ ਅਧਿਕਾਰ ਕਾਰਕੁਨਾਂ ਦੇ ਤਾਜ਼ਾ ਅੰਕੜਿਆਂ ਅਨੁਸਾਰ, ਦੇਸ਼ ਵਿਆਪੀ ਪ੍ਰਦਰਸ਼ਨਾਂ ਵਿੱਚ ਮਰਨ ਵਾਲਿਆਂ ਦੀ ਕੁੱਲ ਗਿਣਤੀ ਵੱਧ ਕੇ 2,572 ਤੱਕ ਪਹੁੰਚ ਗਈ ਹੈ। ਇਹ ਅੰਕੜਾ 1979 ਦੀ ਇਸਲਾਮੀ ਕ੍ਰਾਂਤੀ ਤੋਂ ਬਾਅਦ ਦੇਸ਼ ਵਿੱਚ ਹੋਈ ਕਿਸੇ ਵੀ ਅਸ਼ਾਂਤੀ ਦੌਰਾਨ ਹੋਈਆਂ ਮੌਤਾਂ ਨਾਲੋਂ ਕਿਤੇ ਜ਼ਿਆਦਾ ਹੈ। ਤੁਰੰਤ ਸੁਣਵਾਈ ਅਤੇ ਫਾਂਸੀ ਦੀ ਚਿਤਾਵਨੀ ਈਰਾਨ ਦੇ ਸੁਪਰੀਮ ਕੋਰਟ ਦੇ ਮੁੱਖ ਜੱਜ ਗੁਲਾਮਹੁਸੈਨ ਮੋਹਸੇਨੀ-ਏਜੇਈ ਨੇ ਇੱਕ ਵੀਡੀਓ ਸੰਦੇਸ਼ ਰਾਹੀਂ ਹਿਰਾਸਤ ਵਿੱਚ ਲਏ ਗਏ ਪ੍ਰਦਰਸ਼ਨਕਾਰੀਆਂ ਖ਼ਿਲਾਫ਼ ਸਖ਼ਤ ਰੁਖ ਅਖਤਿਆਰ ਕਰਨ ਦੇ ਸੰਕੇਤ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨਕਾਰੀਆਂ 'ਤੇ ਤੁਰੰਤ ਮੁਕੱਦਮੇ ਚਲਾਏ ਜਾਣਗੇ ਅਤੇ ਉਨ੍ਹਾਂ ਨੂੰ ਫਾਂਸੀ ਦੀ ਸਜ਼ਾ ਦਿੱਤੀ ਜਾ ਸਕਦੀ ਹੈ। ਏਜੇਈ ਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਕੋਈ ਕਾਰਵਾਈ ਕਰਨੀ ਹੈ ਤਾਂ ਉਹ ਹੁਣੇ ਅਤੇ ਜਲਦੀ ਕਰਨੀ ਪਵੇਗੀ, ਕਿਉਂਕਿ ਦੋ-ਤਿੰਨ ਮਹੀਨਿਆਂ ਦੀ ਦੇਰੀ ਨਾਲ ਕਾਰਵਾਈ ਦਾ ਪ੍ਰਭਾਵ ਖਤਮ ਹੋ ਜਾਵੇਗਾ।

ਅਮਰੀਕਾ ਵੱਲੋਂ ਸਖ਼ਤ ਕਾਰਵਾਈ ਦੀ ਚਿਤਾਵਨੀ: ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨੀ ਪ੍ਰਸ਼ਾਸਨ ਨੂੰ ਸਖ਼ਤ ਚਿਤਾਵਨੀ ਦਿੱਤੀ ਹੈ। ਟਰੰਪ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਪ੍ਰਦਰਸ਼ਨਕਾਰੀਆਂ ਨੂੰ ਮੌਤ ਦੀ ਸਜ਼ਾ ਦਿੱਤੀ ਗਈ ਤਾਂ ਉਹ "ਬਹੁਤ ਸਖ਼ਤ ਕਾਰਵਾਈ" ਕਰਨਗੇ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਉਹ ਈਰਾਨੀ ਨੇਤਾਵਾਂ ਨਾਲ ਕਿਸੇ ਵੀ ਤਰ੍ਹਾਂ ਦੀ ਗੱਲਬਾਤ ਖਤਮ ਕਰ ਰਹੇ ਹਨ।

ਵਿਦੇਸ਼ੀ ਵਿਦਿਆਰਥੀਆਂ ਦੀ ਵਤਨ ਵਾਪਸੀ: ਈਰਾਨ ਵਿੱਚ ਬਣੇ ਅਸ਼ਾਂਤੀ ਦੇ ਮਾਹੌਲ ਕਾਰਨ ਉੱਥੇ ਪੜ੍ਹ ਰਹੇ ਅੰਤਰਰਾਸ਼ਟਰੀ ਵਿਦਿਆਰਥੀ ਦੇਸ਼ ਛੱਡ ਕੇ ਵਾਪਸ ਜਾ ਰਹੇ ਹਨ। ਪਾਕਿਸਤਾਨੀ ਅਧਿਕਾਰੀਆਂ ਅਨੁਸਾਰ, ਲਗਭਗ 60 ਪਾਕਿਸਤਾਨੀ ਵਿਦਿਆਰਥੀ ਬਲੋਚਿਸਤਾਨ ਦੇ ਰਸਤੇ ਆਪਣੇ ਘਰ ਪਰਤ ਆਏ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵਿਦਿਆਰਥੀਆਂ ਦੇ ਪਰਤਣ ਦੀ ਉਮੀਦ ਹੈ। ਈਰਾਨੀ ਯੂਨੀਵਰਸਿਟੀਆਂ ਨੇ ਹਾਲਾਤ ਦੇ ਮੱਦੇਨਜ਼ਰ ਪ੍ਰੀਖਿਆਵਾਂ ਦਾ ਸਮਾਂ ਬਦਲ ਦਿੱਤਾ ਹੈ ਅਤੇ ਵਿਦੇਸ਼ੀ ਵਿਦਿਆਰਥੀਆਂ ਨੂੰ ਦੇਸ਼ ਛੱਡਣ ਦੀ ਇਜਾਜ਼ਤ ਦੇ ਦਿੱਤੀ ਹੈ।

# ਸਰਕਾਰ ਬਣੀ ਤਾਂ ਸੂਬੇ ਦੇ ਨੌਜਵਾਨਾਂ ਨੂੰ ਨੌਕਰੀਆਂ 'ਚ ਪਹਿਲ ਦਿੱਤੀ ਜਾਵੇਗੀ ਅਤੇ ਪੰਜਾਬ ਤੋਂ ਬਾਹਰਲੇ ਨੂੰ ਨੌਕਰੀ ਨਹੀਂ ਦਿੱਤੀ ਜਾਵੇਗੀ: ਸੁਖਬੀਰ ਬਾਦਲ

## ਰਾਜਸਥਾਨ ਫੀਡਰ ਨਹਿਰ ਨੂੰ ਬੰਦ ਕਰਕੇ ਪਾਣੀ ਪੰਜਾਬ ਚ ਲੈ ਕੇ ਆਵਾਂਗੇ।



ਸ੍ਰੀ ਮੁਕਤਸਰ ਸਾਹਿਬ, 14 ਜਨਵਰੀ (ਫ.ਟ.ਬ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮਾਘੀ ਕਾਨਫਰੰਸ ਵਿੱਚ ਕਿਹਾ ਕਿ ਜੇ 2027 'ਚ ਸ਼੍ਰੋਮਣੀ ਅਕਾਲੀ ਦਲ ਸਰਕਾਰ ਬਣੀ ਤਾਂ ਪਹਿਲੇ 10 ਦਿਨਾਂ 'ਚ ਉਨ੍ਹਾਂ ਕਿਸਾਨਾਂ ਨੂੰ ਨਵੇਂ ਟਿਊਬਵੈੱਲ ਕੁਨੈਕਸ਼ਨ ਦਿੱਤੇ ਜਾਣਗੇ, ਜਿਨ੍ਹਾਂ ਕੋਲ ਨਹੀਂ ਹਨ। ਟੇਲਾਂ ਤੱਕ ਪਾਣੀ ਪਹੁੰਚਾਉਣ ਲਈ ਪਾਈਪ ਸਿਸਟਮ ਸ਼ੁਰੂ ਕਰਾਂਗੇ। ਰਾਜਸਥਾਨ ਫੀਡਰ ਨਹਿਰ ਨੂੰ ਬੰਦ ਕਰਕੇ ਪਾਣੀ ਪੰਜਾਬ ਚ ਲੈ ਕੇ ਆਵਾਂਗੇ। ਉਨ੍ਹਾ ਕਿਹਾ ਕਿ ਪਹਿਲੇ ਸਾਲ ਦੇ ਅੰਦਰ ਸਰਹੱਦ ਨੇੜੇ ਦੀਆਂ ਕੱਚੀਆਂ ਜ਼ਮੀਨਾਂ ਪੱਕੀਆਂ ਕੀਤੀਆਂ ਜਾਣਗੀਆਂ ਅਤੇ ਇੱਕ ਸਾਲ ਦੇ ਅੰਦਰ ਸਾਰੀਆਂ ਜ਼ਮੀਨਾਂ ਦੇ ਇੰਤਕਾਲ ਮੁਫਤ ਕੀਤੇ ਜਾਣਗੇ। ਪਿੰਡਾਂ 'ਚ ਕਈਆਂ ਕੋਲ ਜ਼ਮੀਨ ਨਹੀਂ, ਜਿਸ ਕੋਲ ਲਾਲ ਡੋਰੇ ਦੀ ਜ਼ਮੀਨ ਹੈ, ਉਸ ਦੇ ਨਾਂਅ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਅਬੋਹਰ 'ਚ ਸੇਮ ਆ ਜਾਂਦੀ ਹੈ, ਜੇ ਬਚਣਾ ਹੈ ਤਾਂ ਅਕਾਲੀ ਦਲ ਦੀ ਲੋੜ ਹੈ, ਕਿਉਂਕਿ ਅਕਾਲੀ ਦਲ ਦੀ ਸਰਕਾਰ ਸਮੇਂ ਕਦੇ ਸੇਮ ਨਹੀਂ ਆਈ। ਉਨ੍ਹਾ ਇਹ ਵੀ ਕਿਹਾ ਕਿ ਜਿਵੇਂ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਕਿਸਾਨਾਂ ਦੇ ਟਰੈਕਟਰ ਦਾ ਟੈਕਸ ਮੁਆਫ ਕੀਤਾ ਕੀਤਾ ਸੀ, ਉਸੇ ਤਰ੍ਹਾਂ ਮੋਟਰਸਾਈਕਲਾਂ 'ਤੇ ਕੋਈ ਟੈਕਸ ਨਹੀਂ ਲਗੇਗਾ। ਉਨ੍ਹਾ ਕਿਹਾ ਕਿ ਪੰਜਾਬ 'ਚ ਇੱਕ ਵੀ ਗੈਂਗਸਟਰ ਨਹੀਂ ਰਹੇਗਾ। ਜਿਹੜਾ ਗੈਂਗਸਟਰ ਧਮਕੀ ਦੇਵੇਗਾ, ਉਸ ਦੀ ਜ਼ਮੀਨ-ਜਾਇਦਾਦ ਸਰਕਾਰ ਜ਼ਬਤ ਕਰੇਗੀ। ਨਸ਼ੇ ਵੇਚਣ ਵਾਲਿਆਂ ਦੀ ਜਾਇਦਾਦ ਵੀ ਸਰਕਾਰ ਜ਼ਬਤ ਕਰੇਗੀ। ਕਾਨੂੰਨ 'ਚ ਸੋਧ ਕਰਾਂਗੇ ਤਾਂ ਜੋ ਨਸ਼ਾ ਤਸਕਰ ਦੀ 5 ਸਾਲ ਤੱਕ ਜ਼ਮਾਨਤ ਨਾ ਹੋ ਸਕੇ। ਸੂਬੇ ਦੇ ਨੌਜਵਾਨਾਂ ਨੂੰ ਨੌਕਰੀਆਂ 'ਚ ਪਹਿਲ ਦਿੱਤੀ ਜਾਵੇਗੀ ਅਤੇ ਪੰਜਾਬ ਤੋਂ ਬਾਹਰਲੇ ਨੂੰ ਨੌਕਰੀ ਨਹੀਂ ਦਿੱਤੀ ਜਾਵੇਗੀ। ਸਰਕਾਰ ਆਉਣ 'ਤੇ ਹਰ ਜ਼ਿਲ੍ਹੇ 'ਚ ਮੈਡੀਕਲ ਕਾਲਜ ਖੋਲ੍ਹਿਆ ਜਾਵੇਗਾ ਅਤੇ 50 ਫੀਸਦੀ ਸੀਟਾਂ ਸਰਕਾਰ ਆਪਣੇ ਕੋਲ ਰੱਖੇਗੀ, ਤਾਂ ਜੋ ਗਰੀਬ ਬੱਚਿਆਂ ਨੂੰ ਮੁਫਤ ਪੜ੍ਹਾਇਆ ਜਾਵੇ । ਪੰਜਾਬ 'ਚ 50 ਹਜ਼ਾਰ ਬੱਚਿਆਂ ਦੀ ਸਮਰੱਥਾ ਵਾਲੀ ਸਕਿੱਲ ਯੂਨੀਵਰਸਿਟੀ ਬਣਾਈ ਜਾਵੇਗੀ। ਵੱਡੀਆਂ ਕੰਪਨੀਆਂ ਨੂੰ ਸਿਖਲਾਈ ਲਈ ਡਿਪਾਰਟਮੈਂਟ ਦਿੱਤੇ ਜਾਣਗੇ, ਤਾਂ ਜੋ ਬੱਚੇ ਬਾਹਰ ਜਾਣ ਦੀ ਬਜਾਏ ਇਥੇ ਹੀ ਰਹਿ ਕੇ ਕੰਮ ਕਰ ਸਕਣ। 10 ਲੱਖ ਲੋਨ ਲਈ ਕੋਈ ਵਿਆਜ ਨਹੀਂ ਹੋਵੇਗਾ, 3 ਸਾਲ ਤੱਕ ਕੋਈ ਪੈਸਾ ਨਹੀਂ ਮੋੜਨਾ ਪਏਗਾ ਤੇ 7 ਸਾਲਾਂ ਤੱਕ ਦੇਣੇ ਹੋਣਗੇ। ਕਿਸੇ ਵੀ ਗਰੀਬ ਦੀ ਪੈਸੇ ਕਰਕੇ ਪੜ੍ਹਾਈ ਨਹੀਂ ਰੁਕੇਗੀ।


ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼ CHANNEL
ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575